# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 17-10-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੁਨੀਆ ਨੂੰ, ਜੰਗ ਵਿੱਚ ਨਹੀਂ ਬਲਕਿ ਭਗਵਾਨ ਬੁੱਧ ਦੀਆਂ ਸਿੱਖਿਆਵਾਂ ਵਿੱਚ ਹੱਲ ਲੱਭ ਕੇ ਸ਼ਾਂਤੀ ਦਾ ਰਾਹ ਪੱਧਰਾ ਕਰਨ ਦੀ ਅਪੀਲ ਕੀਤੀ ਏ ।
- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਨਾਇਬ ਸਿੰਘ ਨੇ ਲਗਾਤਾਰ ਦੂਜੀ ਵਾਰ ਹਰਿਆਣਾ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੰਮ੍ਰਿਤਸਰ ਸਥਿਤ ਭਗਵਾਨ ਸ੍ਰੀ ਵਾਲਮੀਕਿ ਤੀਰਥ ਸਥਲ ਵਿਖੇ ਭਗਵਾਨ ਵਾਲਮੀਕਿ ਜੀ ਪੈਨੋਰਮਾ ਲੋਕ ਅਰਪਿਤ ਕੀਤਾ।
- ਪੰਜਾਬ ਦੇ ਜੇਲ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸੂਬੇ ਦੀਆਂ ਜੇਲਾਂ ਨੂੰ ਹੋਰ ਸੁਰੱਖਿਅਤ ਬਣਾਉਣ ਲਈ ਆਰਟੀਫਿਸ਼ਲ ਇੰਟੈਲੀਜੈਂਸ AI ਆਧਾਰਤ ਅਤੇ ਅਤਿ-ਆਧੁਨਿਕ ਤਕਨਾਲੋਜੀ ਅਪਨਾਉਣ 'ਤੇ ਜ਼ੋਰ ਦਿੱਤਾ ਏ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਕਿਹਾ ਏ ਕਿ ਭਾਸ਼ਾ, ਸਾਹਿਤ, ਕਲਾ ਅਤੇ ਅਧਿਆਤਮਿਕਤਾ ਵਰਗੇ ਸੱਭਿਆਚਾਰਕ ਥੰਮ੍ਹ, ਕਿਸੇ ਵੀ ਦੇਸ਼ ਦੀ ਪਛਾਣ ਬਣਾਉਂਦੇ ਨੇ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅੱਜ ਜਦੋਂ ਦੇਸ਼ ਵਿਕਾਸ ਦੇ ਰਾਹ 'ਤੇ ਅੱਗੇ ਵੱਧ ਰਿਹਾ ਏ ਤਾਂ ਇਸ ਦੀਆਂ ਜੜ੍ਹਾਂ  ਸਵੈ-ਵਿਸ਼ਵਾਸ ਅਤੇ ਸਵੈ-ਮਾਣ ਨਾਲ ਬਹੁਤ ਡੂੰਘੀਆਂ ਜੁੜੀਆਂ ਹੋਈਆਂ ਨੇ । ਅੱਜ ਨਵੀਂ ਦਿੱਲੀ ਵਿੱਚ ਅੰਤਰ-ਰਾਸ਼ਟਰੀ ਅਭਿਧੰਮ ਦਿਵਸ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਭਗਵਾਨ ਬੁੱਧ ਦੀਆਂ ਸਿੱਖਿਆਵਾਂ ਦਾ ਜ਼ਿਕਰ ਕੀਤਾ। ਸ਼੍ਰੀ ਮੋਦੀ ਨੇ ਕਿਹਾ ਕਈ ਭਗਵਾਨ ਬੁੱਧ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈ ਕੇ ਦੇਸ਼ ਦੇ ਵਿਕਾਸ ਵਿੱਚ ਸਕਾਰਾਤਮਕ ਬਦਲਾਅ ਆਉਣਗੇ ।BYTE

-----------------------------------------------------------

 ਭਾਰਤੀ ਜਨਤਾ ਪਾਰਟੀ ਦੇ ਆਗੂ ਨਾਇਬ ਸਿੰਘ ਨੇ ਅੱਜ ਪੰਚਕੂਲਾ ਦੇ ਸ਼ਾਲੀਮਾਰ ਮੈਦਾਨ ਵਿੱਚ ਦੂਜੀ ਵਾਰ ਹਰਿਆਣਾ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ । ਹਰਿਆਣਾ ਦੇ ਰਾਜਪਾਲ ਬੰਡਾਰੂ ਦੱਤਾਤ੍ਰੇਅ ਨੇ, ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਦੀ ਮੌਜੂਦਗੀ ਵਿੱਚ ਉਨ੍ਹਾਂ ਨੂੰ ਅਹੁਦੇ  ਦੀ ਸਹੁੰ ਚੁਕਾਈ ।BYTE: ਸ਼੍ਰੀ ਨਾਇਬ ਸਿੰਘ ਦੇ ਨਾਲ, 13 ਵਿਧਾਇਕਾਂ ਨੇ ਵੀ

ਕੈਬਨਿਟ ਮੰਤਰੀ ਅਤੇ ਰਾਜ ਮੰਤਰੀ ਵਜੋਂ ਸਹੁੰ ਚੁੱਕੀ ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਾਇਬ ਸਿੰਘ ਸੈਣੀ ਨੂੰ ਹਰਿਆਣਾ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕਣ 'ਤੇ ਵਧਾਈ ਦਿੱਤੀ ਏ। ਸ੍ਰੀ ਮੋਦੀ ਨੇ ਪੂਰੇ ਹਰਿਆਣਾ ਵਿਧਾਨ ਸਭਾ ਮੰਤਰੀ ਮੰਡਲ ਨੂੰ ਵੀ ਵਧਾਈ ਦਿੱਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸੁਸ਼ਾਸਨ ਅਤੇ ਤਜ਼ਰਬੇ ਦਾ ਸੰਗਮ ਏ ਜੋ ਹਰਿਆਣਾ ਦੇ ਵਿਕਾਸ ਨੂੰ ਨਵੀਆਂ ਉਚਾਈਆਂ ਤੱਕ ਲੈ ਜਾਵੇਗਾ। ਸ੍ਰੀ ਮੋਦੀ ਨੇ ਭਰੋਸਾ ਪ੍ਰਗਟਾਇਆ ਕਿ ਦੋਹਰੇ ਇੰਜਣ ਵਾਲੀ ਸਰਕਾਰ, ਗਰੀਬਾਂ, ਕਿਸਾਨਾਂ, ਸੈਨਿਕਾਂ, ਨੌਜਵਾਨਾਂ ਅਤੇ ਔਰਤਾਂ ਦੇ ਨਾਲ-ਨਾਲ ਸਮਾਜ ਦੇ ਹਰ ਵਰਗ ਦੀ ਸੇਵਾ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਚੰਡੀਗੜ੍ਹ ਵਿੱਚ ਕੌਮੀ ਜਮਹੂਰੀ ਗਠਜੋੜ -NDA ਦੇ ਮੁੱਖ ਮੰਤਰੀਆਂ ਅਤੇ ਉਪ ਮੁੱਖ ਮੰਤਰੀਆਂ ਦੀ ਕਾਨਫਰੰਸ ਦੀ ਪ੍ਰਧਾਨਗੀ ਕਰ ਰਹੇ ਨੇ। ਇਸ ਕਾਨਫਰੰਸ 'ਚ BJP

ਪ੍ਰਧਾਨ ਜੇ.ਪੀ. ਨੱਡਾ, ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੀ ਸ਼ਾਮਲ ਨੇ।

-------------------------------------------------------------

ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕਿਹਾ ਏ ਅੱਜ ਪੂਰੇ ਪੰਜਾਬ ਦੇ ਵਿੱਚ ਝੋਨੇ ਦੀ ਫਸਲ ਮੰਡੀਆਂ ਵਿੱਚ ਆਉਣੀ ਸ਼ੁਰੂ ਹੋ ਗਈ ਏ ।ਉਨਾ ਕਿਹਾ ਕਈ ਭਾਵੇਂ ਇਸ ਵਾਰ ਪਿਛਲੇ ਸੀਜਨ ਨਾਲੋਂ ਫਸਲ 10-12 ਦਿਨ ਲੇਟ ਏ , ਪਰ ਹੁਣ ਮੰਡੀਆਂ ਵਿੱਚ ਵਡੀ ਮਾਤਰਾ ਵਿੱਚ ਫਸਲ ਆ ਰਹੀ ਏ । ਉਨ੍ਹਾਂ ਸਾਰੇ ਆੜ੍ਹਤੀਆਂ, ਮੰਡੀਆਂ ਨਾਲ ਸਬੰਧਿਤ ਏਜੰਸੀਆਂ ਖਾਸ ਤੌਰ ਤੇ ਐਫ.ਸੀ.ਆਈ., ਪਨਗਰੇਨ, ਪਨਸਪ ਸਮੇਤ ਸਾਰੀਆਂ ਨੂੰ ਅਪੀਲ ਕੀਤੀ ਏ ਕਿ ਫਸਲ ਦੀ ਖਰੀਦ ਵਿੱਚ ਕਿਸੇ ਵੀ ਕਿਸਾਨ ਨੂੰ ਕੋਈ ਸਮੱਸਿਆ ਨਾ ਆਵੇ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨਾਲ ਕੀਤੇ ਵਿਤਕਰੇ ਕਾਰਨ ਹੀ ਅੱਜ ਪੰਜਾਬ ਦੇ ਸੈਲਰਾਂ ਵਿੱਚ ਤਕਰੀਬਨ 20 ਹਜਾਰ ਮੀਟ੍ਰਿਕ ਟਨ ਚੌਲ ਸਟੋਰ ਵਿੱਚ ਪਿਆ ਏ । ਬਰਸਟ ਨੇ ਭਰੋਸਾ ਦਵਾਉਂਦਿਆਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਲੰਬੇ ਸਮੇਂ ਤੋਂ ਇਸ ਸਬੰਧ ਵਿੱਚ ਕੇਂਦਰ ਸਰਕਾਰ ਨਾਲ ਤਾਲਮੇਲ ਕਰਦੇ ਰਹੇ ਹਨ, ਪਰੰਤੂ ਪਿਛਲੇ ਸਮੇਂ ਦੌਰਾਨ ਖਾਸ ਤੌਰ ਤੇ

ਕੇਂਦਰੀ ਖੁਰਾਕ ਸਪਲਾਈ ਮੰਤਰੀ ਪ੍ਰਹਿਲਾਦ ਜੋਸ਼ੀ, ਨਾਲ ਵਿਸ਼ੇਸ਼ ਮੀਟਿੰਗ ਕੀਤੀ , ਜਿਸ ਵਿੱਚ ਕੇਂਦਰੀ ਮੰਤਰੀ ਵੱਲੋਂ ਇਹ ਭਰੋਸਾ ਦਵਾਇਆ ਗਿਆ ਏ ਕਿ ਜਲਦ ਹੀ ਇਹ ਸਾਰਾ ਭੰਡਾਰ ਇੱਥੋਂ ਚੁਕਾਇਆ ਜਾਵੇਗਾ, ਜਿਸਦੇ ਲਈ ਵਿਸ਼ੇਸ਼ 20 ਰੇਲ ਗੱਡੀਆਂ ਹਰ ਰੋਜ਼ ਚਲਾਈਆਂ ਜਾਣਗੀਆਂ।

---------------------------------------------------------------------------

ਅੱਜ ਪੰਜਾਬ ਸਮੇਤ ਦੇਸ਼ ਭਰ ਵਿੱਚ ਵਾਲਮੀਕਿ ਜੈਅੰਤੀ ਮਨਾਈ ਜਾ ਰਹੀ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਆਦਿ ਕਵੀ ਵਾਲਮੀਕਿ ਦੁਆਰਾ ਲਿਖਿਆ ਧਾਰਮਿਕ ਗ੍ਰੰਥ ਰਾਮਾਇਣ, ਭਗਵਾਨ ਸ਼੍ਰੀ ਰਾਮ ਦੀ ਇਲਾਹੀ ਗਾਥਾ ਦੇ ਨਾਲ-ਨਾਲ ਮਨੁੱਖੀ ਸਮਾਜ ਲਈ ਇੱਕ ਅਨਮੋਲ ਤੋਹਫ਼ਾ ਏ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਮਹਾਰਿਸ਼ੀ ਵਾਲਮੀਕਿ ਦਾ ਗਿਆਨ, ਦਇਆ, ਸੱਚ ਅਤੇ ਧਰਮ ਦਾ ਸੰਦੇਸ਼ ਸਾਰਿਆਂ ਲਈ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਮਹਾਂਰਿਸ਼ੀ ਵਾਲਮੀਕਿ ਦੇ ਮਹਾਨ ਵਿਚਾਰ ਕਰੋੜਾਂ ਲੋਕਾਂ ਨੂੰ ਪ੍ਰੇਰਿਤ ਕਰਦੇ ਰਹਿਣਗੇ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਅੰਮ੍ਰਿਤਸਰ ਸਥਿਤ ਭਗਵਾਨ ਸ੍ਰੀ ਵਾਲਮੀਕਿ ਤੀਰਥ ਸਥਲ ਵਿਖੇ ਸਥਿਤ ਅਤਿ ਆਧੁਨਿਕ ਭਗਵਾਨ ਵਾਲਮੀਕਿ ਜੀ ਪੈਨੋਰਮਾ ਲੋਕਾਈ ਨੂੰ ਸਮਰਪਿਤ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਵਿਸ਼ਵ ਦਾ ਪਹਿਲਾ ਮਹਾਂਕਾਵਿ ਰਾਮਾਇਣ ਆਦਿ ਕਵੀ ਭਗਵਾਨ ਵਾਲਮੀਕਿ ਜੀ ਵੱਲੋਂ ਲਿਖਿਆ ਗਿਆ ਸੀ, ਜਿਨ੍ਹਾਂ ਆਪਣੀ ਸਿਆਣਪ ਅਤੇ ਫ਼ਲਸਫ਼ੇ ਨਾਲ ਦੁਨੀਆ ਨੂੰ ਰੌਸ਼ਨ ਕੀਤਾ। ਉਨ੍ਹਾਂ ਕਿਹਾ ਕਿ ਆਪਣੀ ਕਿਸਮ ਦੇ, ਇਸ ਪਹਿਲੇ ਪੈਨੋਰਮਾ ਵਿੱਚ ਤਕਨਾਲੋਜੀ ਦਾ ਜਾਦੂ ਡੂੰਘੇ ਬਿਰਤਾਂਤ ਨਾਲ ਮੇਲ ਖਾਂਦਾ ਏ , ਜਿਸ ਨਾਲ ਸੈਲਾਨੀਆਂ ਲਈ ਇਲਾਹੀ ਮਾਹੌਲ ਪੈਦਾ ਹੁੰਦਾ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪੈਨੋਰਮਾ ਸ਼ਾਨ, ਸੁਹਜ ਅਤੇ ਆਰਕੀਟੈਕਚਰ ਦਾ ਸੰਪੂਰਨ ਸੁਮੇਲ ਏ ਅਤੇ ਇਹ ਸੂਬਾ ਸਰਕਾਰ ਵੱਲੋਂ ਭਗਵਾਨ ਸ੍ਰੀ ਵਾਲਮੀਕਿ ਜੀ ਨੂੰ ਨਿਮਰ ਸ਼ਰਧਾਂਜਲੀ ਏ। ਮੁੱਖ ਮੰਤਰੀ ਨੇ ਕਿਹਾ ਕਿ ਪੈਨੋਰਮਾ ਕੰਪਲੈਕਸ 9 ਏਕੜ ਰਕਬੇ ਵਿੱਚ ਬਣਾਇਆ ਗਿਆ ਏ ਅਤੇ ਇਸ ਦੀ ਉਸਾਰੀ 32 ਕਰੋੜ 78 ਲਖ ਰੁਪਏ ਦੀ ਲਾਗਤ ਨਾਲ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਪੈਨੋਰਮਾ ਭਗਵਾਨ ਸ੍ਰੀ ਵਾਲਮੀਕਿ ਜੀ ਨੂੰ ਸਮਰਪਿਤ ਹੈ ਅਤੇ ਮਹਾਂਕਾਵਿ ਦੀਆਂ ਤੁਕਾਂ ਦੇ ਨਾਲ ਉਨ੍ਹਾਂ ਦੇ ਜੀਵਨ ਦੀ ਕਹਾਣੀ ਨੂੰ ਦਰਸਾਉਂਦਾ ਏ। ਇਸ ਪੈਨੋਰਮਾ ਵਿੱਚ ਕੁੱਲ 14 ਗੈਲਰੀਆਂ ਨੇ ਅਤੇ

ਹਰੇਕ ਗੈਲਰੀ ਭਗਵਾਨ ਸ੍ਰੀ ਵਾਲਮੀਕਿ ਜੀ ਦੇ ਜੀਵਨ ਅਤੇ ਰਾਮਾਇਣ ਦੇ ਵਿਸ਼ੇਸ਼ ਪਹਿਲੂ ਨੂੰ ਸਮਰਪਿਤ ਏ । ਉਨ੍ਹਾਂ ਆਸ ਪ੍ਰਗਟਾਈ ਕਿ ਇਹ ਪਹਿਲਕਦਮੀ ਨਾ ਸਿਰਫ਼ ਸੱਭਿਆਚਾਰਕ ਵਿਰਸੇ ਨੂੰ ਸੰਭਾਲੇਗੀ ਅਤੇ ਉਤਸ਼ਾਹਿਤ ਕਰੇਗੀ, ਸਗੋਂ ਆਉਣ ਵਾਲੇ ਲੋਕਾਂ ਲਈ ਵਿੱਦਿਅਕ ਤਜਰਬਾ ਵੀ ਪ੍ਰਦਾਨ ਕਰੇਗੀ।

---------------------------------------------------------------------------------

ਪੰਜਾਬ ਦੇ ਜੇਲ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸੂਬੇ ਦੀਆਂ ਜੇਲਾਂ ਨੂੰ ਹੋਰ ਸੁਰੱਖਿਅਤ ਬਣਾਉਣ ਲਈ ਆਰਟੀਫਿਸ਼ਲ ਇੰਟੈਲੀਜੈਂਸ AI ਆਧਾਰਤ ਅਤੇ ਅਤਿ-ਆਧੁਨਿਕ ਤਕਨਾਲੋਜੀ ਅਪਨਾਉਣ 'ਤੇ ਜ਼ੋਰ ਦਿੱਤਾ ਏ । ਚੰਡੀਗੜ੍ਹ ਵਿਖੇ  ਜੇਲ ਵਿਭਾਗ ਦੇ ਉੱਚ ਅਧਿਕਾਰੀਆਂ ਅਤੇ ਸੂਬੇ ਦੀਆਂ ਸਮੂਹ ਜੇਲਾਂ ਦੇ ਅਧਿਕਾਰੀਆਂ ਨਾਲ ਪਲੇਠੀ ਮੀਟਿੰਗ ਦੌਰਾਨ, ਉਨ੍ਹਾਂ ਕਿਹਾ ਕਿ ਜੇਲਾਂ ਨੂੰ ਪੂਰੀ ਤਰ੍ਹਾਂ ਅਪਰਾਧ-ਮੁਕਤ ਕਰਨ ਅਤੇ ਮੋਬਾਈਲ ਜਿਹੇ ਉਪਕਰਣਾਂ ਦੀ ਮੁਕੰਮਲ ਰੋਕਥਾਮ ਲਈ ਨਵੀ ਤਕਨਾਲੋਜੀ ਸਮੇਂ ਦੀ ਮੁੱਖ ਲੋੜ ਰ । ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜੇਲਾਂ ਵਿੱਚ ਆਧੁਨਿਕ ਨਿਗਰਾਨੀ ਉਪਕਰਣ ਲਗਾਉਣ ਲਈ ਕਾਰਵਾਈ ਤੁਰੰਤ ਅਮਲ ਵਿੱਚ ਲਿਆਂਦੀ ਜਾਵੇ।ਮੰਤਰੀ ਨੇ ਕਿਹਾ ਕਿ ਉਹ ਜੇਲ ਵਿਭਾਗ ਲਈ ਲੋੜੀਂਦੇ ਫ਼ੰਡਾਂ ਵਾਸਤੇ ਮੁੱਖ ਮੰਤਰੀ  ਨਾਲ ਛੇਤੀ ਮੁਲਾਕਾਤ ਕਰਨਗੇ ਅਤੇ ਜੇਲਾਂ ਦੇ ਆਧੁਨਿਕੀਕਰਨ ਅਤੇ ਉਥੇ

ਮੁਢਲੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਫ਼ੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਜੇਲਾਂ ਵਿੱਚ ਕੈਦੀਆਂ ਦੀ ਵੱਧ ਤਾਦਾਦ ਦੇ ਮੱਦੇਨਜ਼ਰ ਨਵੀਆਂ ਜੇਲਾਂ ਦੀ ਉਸਾਰੀ ਦੇ ਨਾਲ-ਨਾਲ ਨਵੀਆਂ ਬੈਰਕਾਂ ਉਸਾਰੀਆਂ ਜਾਣਗੀਆਂ। ਕੈਬਨਿਟ ਮੰਤਰੀ ਨੇ ਕੈਦੀਆਂ ਲਈ ਮੁੜ-ਵਸੇਬੇ ਦੇ ਉਦੇਸ਼ ਨਾਲ ਹੁਨਰ ਵਿਕਾਸ ਪ੍ਰੋਗਰਾਮਾਂ ਅਤੇ ਕਿੱਤਾਮੁਖੀ ਸਿਖਲਾਈ ਦੇ ਉਪਰਾਲਿਆਂ 'ਤੇ ਜ਼ੋਰ ਦਿੱਤਾ ਤਾਂ ਜੋ ਕੈਦੀਆਂ ਨੂੰ ਜੁਰਮ ਦੀ ਦੁਨੀਆਂ ਵੱਲੋਂ ਮੋੜ ਕੇ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਂਦਾ ਜਾ ਸਕੇ। ਜੇਲ ਸੁਪਰਡੰਟਾਂ ਨੇ ਆਪੋ-ਆਪਣੀਆਂ ਜੇਲਾਂ ਨਾਲ ਸਬੰਧਤ ਚੁਣੌਤੀਆਂ ਸਾਂਝੀਆਂ ਕੀਤੀਆਂ । ਕੈਬਨਿਟ ਮੰਤਰੀ ਨੇ ਭਰੋਸਾ ਦਿਵਾਇਆ ਕਿ ਸਰਕਾਰ ਵੱਲੋਂ ਜੇਲ ਪ੍ਰਬੰਧਨ ਵਿੱਚ ਸੁਧਾਰ ਲਈ ਉਪਾਅ ਲਾਗੂ ਕਰਨ ਸਣੇ ਇਨ੍ਹਾਂ ਮਸਲਿਆਂ ਦੇ ਹੱਲ ਲਈ ਤੁਰੰਤ ਕਾਰਵਾਈ ਕੀਤੀ ਜਾਵੇਗੀ।

---------------------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਇਤਿਹਾਸ ਵਿਭਾਗ ਨੇ, ਪ੍ਰਾਚੀਨ ਭਾਰਤੀ ਇਤਿਹਾਸ, ਸਭਿਆਚਾਰ ਅਤੇ ਪੁਰਾਤੱਤਵ ਵਿਭਾਗ ਦੇ ਸਹਿਯੋਗ ਨਾਲ, “ਡਾਟਰ ਆਫ਼ ਦ ਅਰਥ: ਐਗਨਸ ਸਮੈਡਲੀਜ਼ ਟ੍ਰਾਈਸਟ ਵਿਦ ਇੰਡੀਆ” ਸਿਰਲੇਖ ਵਾਲੇ ਇੱਕ ਭਾਸ਼ਣ ਕਰਵਾਇਆ । ਪੰਜਾਬ ਯੂਨੀਵਰਸਿਟੀ ਦੇ ਸ਼੍ਰੀ ਅਰਬਿੰਦੋ ਚੇਅਰ ਪ੍ਰੋ. ਸਚਿਦਾਨੰਦ ਮੋਹੰਤੀ ਨੇ, ਪ੍ਰਾਚੀਨ ਭਾਰਤੀ ਇਤਿਹਾਸ, ਸੱਭਿਆਚਾਰ ਅਤੇ ਪੁਰਾਤੱਤਵ

ਵਿਭਾਗ ਦੇ ਸੈਮੀਨਾਰ ਹਾਲ ਵਿੱਚ ਭਾਸ਼ਣ ਦਿੱਤਾ। ਪ੍ਰੋ. ਮੋਹੰਤੀ ਨੇ ਲਿੰਗ ਮੁੱਦਿਆਂ ਦੇ ਵੱਖ-ਵੱਖ ਪਹਿਲੂਆਂ, ਐਗਨਸ ਸਮੈਡਲੀ ਦੇ ਜੀਵਨ ਸੰਘਰਸ਼, ਅਤੇ ਉਸਨੂੰ ਆਪਣੀ ਮਾਂ ਤੋਂ ਮਿਲੇ ਸਮਰਥਨ ਦਾ ਜ਼ਿਕਰ ਕੀਤਾ। ਲੈਕਚਰ ਤੋਂ ਬਾਅਦ, ਸਵਾਲ-ਜਵਾਬ ਸੈਸ਼ਨ ਨੇ ਵਿਸ਼ੇ ਦੀਆਂ ਜਟਿਲਤਾਵਾਂ ਦੀ ਪੜਚੋਲ ਕਰਨ ਅਤੇ ਵਿਦਵਤਾਪੂਰਣ ਭਾਸ਼ਣ ਵਿੱਚ ਸ਼ਾਮਲ ਹੋਣ ਦਾ ਮੌਕਾ ਦਿੱਤਾ । ਚਰਚਾ ਵਿਚ ਸਮਕਾਲੀ ਮੁੱਦਿਆਂ ਵਿਆਹੁਤਾ ਜਿਨਸੀ ਸੋਸ਼ਣ, ਘਰੇਲੂ ਹਿੰਸਾ, ਔਰਤਾਂ ਦੀ ਸੁਰੱਖਿਆ, ਅਤੇ ਸ਼ੋਸ਼ਣ ਦੇ ਹੋਰ ਰੂਪਾਂ ਨੂੰ ਸੰਬੋਧਿਤ ਕੀਤਾ। ਪੁਰਾਤੱਤਵ ਵਿਭਾਗ ਦੇ ਚੇਅਰਪਰਸਨ ਪ੍ਰੋ: ਪਾਰੂ ਬਲ ਸਿੱਧੂ ਨੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਇੱਕ ਬੂਟਾ ਦੇ ਕੇ ਸਨਮਾਨ ਕੀਤਾ। ਇਤਿਹਾਸ ਵਿਭਾਗ ਦੇ ਚੇਅਰਪਰਸਨ ਡਾ: ਜਸਬੀਰ ਸਿੰਘ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ । ਇਸ ਮੌਕੇ 90 ਤੋਂ ਵੱਧ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਸ਼ਿਰਕਤ ਕੀਤੀ।

---------------------------------------------------------------

ਪਠਾਨਕੋਟ ਪੁਲਿਸ ਨੇ ਇੱਕ ਕੌਮਾਂਤਰੀ ਨਸ਼ਾ ਤਸਕਰ ਸਮੇਤ ਦੋ ਮੁਲਜ਼ਮਾਂ ਨੂੰ, ਇਕ ਕਿਲੋ 10 ਗ੍ਰਾਮ ਚਰਸ ਅਤੇ 3 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਕਾਬੂ ਕੀਤਾ ਏ। ਐਸ.ਐਸ.ਪੀ ਦਲਜਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਕਾਬੂ ਕੀਤੇ ਤਸਕਰਾਂ ਦੀ ਪਛਾਣ ਜ਼ਿਲ੍ਹਾ ਕਾਂਗੜਾ

ਦੇ ਵਿਕਾਸ ਮਹਾਜਨ ਅਤੇ ਪਠਾਨਕੋਟ ਦੇ ਵਰਨਾ ਕੁਮਾਰ ਵਜੋਂ ਹੋਈ ਏ । ਉਨ੍ਹਾਂ ਖਿਲਾਫ ਮੁਕੱਦਮਾ ਦਰਜ ਕਰਕੇ ਕਾਰਵਾਈ ਸ਼ੁਰੂ ਕੀਤੀ ਗਈ ਏ ।

---------------------------------------------------

ਸੀਮਾ ਸੁਰੱਖਿਆ ਬਲ ਨੇ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਬੀਤੇ ਦਿਨੀ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਗੁਰਚੱਕ ਦੇ ਨਾਲ ਲੱਗਦੇ ਘੋਨੇਵਾਲਾ ਮਾਈਨਿੰਗ ਖੇਤਰ ਤੋਂ ਇਕ ਸਮਾਰਟਫੋਨ ਅਤੇ ਇਕ ਮੋਟਰਸਾਈਕਲ ਸਮੇਤ ਦੋ ਤਸਕਰਾਂ ਨੂੰ ਕਾਬੂ ਕੀਤਾ ਏ । ਅੱਜ ਸਵੇਰ ਕੱਸੋਵਾਲ ਬਲਜ ਖੇਤਰ ਵਿੱਚ ਰਾਵੀ ਦਰਿਆ ਦੇ ਨੇੜੇ ਟੀਮ ਨੇ 500 ਗ੍ਰਾਮ ਹੈਰੋਇਨ ਬਰਾਮਦ ਕੀਤੀ ਜਿਸਨੂੰ ਪੀਲੇ ਰੰਗ ਦੀ ਚਿਪਕਣ ਵਾਲੀ ਟੇਪ ਵਿੱਚ ਲਪੇਟਿਆ ਹੋਇਆ ਸੀ। ਦੋਵਾਂ ਤਸਕਰਾਂ ਤੋਂ ਹੋਰ ਵਾਰਦਾਤਾਂ ਵਿੱਚ ਸ਼ਾਮਲ ਹੋਣ ਬਾਰੇ ਅਗਲੇਰੀ ਜਾਂਚ ਕੀਤੀ ਜਾ ਰਹੀ ਏ ।

---------------------------------------------------

ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੀਤੇ ਜਾਣ ਵਾਲੇ ਸਮਾਗਮਾਂ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ । 19 ਅਕਤੂਬਰ ਨੂੰ ਮਨਾਏ ਜਾ ਰਹੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ ਅੱਜ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ

ਕੀਤਾ ਗਿਆ, ਜਿਸ ਦਾ ਭੋਗ 19 ਅਕਤੂਬਰ ਨੂੰ ਪਾਇਆ ਜਾਵੇਗਾ । ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਭਲਕੇ 18 ਅਕਤੂਬਰ ਨੂੰ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ ਤੇ ਗੁਰਪੁਰਬ ਵਾਲੇ ਦਿਨ ਸਾਰਾ ਦਿਨ ਧਾਰਮਿਕ ਦੀਵਾਨ ਸਜਣਗੇ, ਉਥੇ ਹੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟਲ ਰਾਇ ਸਾਹਿਬ ਵਿਖੇ ਜਲੌ ਸਜਣਗੇ । ਸ੍ਰੀ ਦਰਬਾਰ ਸਾਹਿਬ ਵਿਖੇ ਸੁੰਦਰ ਦੀਪਮਾਲਾ ਤੇ ਆਤਿਸ਼ਬਾਜ਼ੀ ਵੀ ਹੋਵੇਗੀ।

---------------------------------------------------

**<u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੁਨੀਆ ਨੂੰ, ਜੰਗ ਵਿੱਚ ਨਹੀਂ ਬਲਕਿ ਭਗਵਾਨ ਬੁੱਧ ਦੀਆਂ ਸਿੱਖਿਆਵਾਂ ਵਿੱਚ ਹੱਲ ਲੱਭ ਕੇ ਸ਼ਾਂਤੀ ਦਾ ਰਾਹ ਪੱਧਰਾ ਕਰਨ ਦੀ ਅਪੀਲ ਕੀਤੀ ਏ ।
- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਨਾਇਬ ਸਿੰਘ ਨੇ ਲਗਾਤਾਰ ਦੂਜੀ ਵਾਰ ਹਰਿਆਣਾ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੰਮ੍ਰਿਤਸਰ ਸਥਿਤ ਭਗਵਾਨ ਸ੍ਰੀ ਵਾਲਮੀਕਿ ਤੀਰਥ ਸਥਲ ਵਿਖੇ ਭਗਵਾਨ ਵਾਲਮੀਕਿ ਜੀ ਪੈਨੋਰਮਾ ਲੋਕ ਅਰਪਿਤ ਕੀਤਾ।

- ਪੰਜਾਬ ਦੇ ਜੇਲ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸੂਬੇ ਦੀਆਂ ਜੇਲਾਂ ਨੂੰ ਹੋਰ ਸੁਰੱਖਿਅਤ ਬਣਾਉਣ ਲਈ ਆਰਟੀਫਿਸ਼ਲ ਇੰਟੈਲੀਜੈਂਸ AI ਆਧਾਰਤ ਅਤੇ ਅਤਿ-ਆਧੁਨਿਕ ਤਕਨਾਲੋਜੀ ਅਪਨਾਉਣ 'ਤੇ ਜ਼ੋਰ ਦਿੱਤਾ ਏ ।